ਪ੍ਰਭਾਤੀ ਮਹਲਾ ੩ ॥ ਮੇਰੇ ਮਨ ਗੁਰੁ ਅਪਣਾ ਸਾਲਾਹਿ ॥ ਪੂਰਾ ਭਾਗੁ ਹੋਵੈ ਮੁਖਿ ਮਸਤਕਿ ਸਦਾ ਹਰਿ ਕੇ ਗੁਣ ਗਾਹਿ ॥੧॥ ਰਹਾਉ ॥ ਅੰਮ੍ਰਿਤ ਨਾਮੁ ਭੋਜਨੁ ਹਰਿ ਦੇਇ ॥ ਕੋਟਿ ਮਧੇ ਕੋਈ ਵਿਰਲਾ ਲੇਇ ॥ ਜਿਸ ਨੋ ਅਪਣੀ ਨਦਰਿ ਕਰੇਇ ॥੧॥ ਗੁਰ ਕੇ ਚਰਣ ਮਨ ਮਾਹਿ ਵਸਾਇ ॥ ਦੁਖੁ ਅਨ੍ਹੇਰਾ ਅੰਦਰਹੁ ਜਾਇ ॥ ਆਪੇ ਸਾਚਾ ਲਏ ਮਿਲਾਇ ॥੨॥ ਗੁਰ ਕੀ ਬਾਣੀ ਸਿਉ ਲਾਇ ਪਿਆਰੁ ॥ ਐਥੈ ਓਥੈ ਏਹੁ ਅਧਾਰੁ ॥ ਆਪੇ ਦੇਵੈ ਸਿਰਜਨਹਾਰੁ ॥ ੩॥ ਸਚਾ ਮਨਾਏ ਅਪਣਾ ਭਾਣਾ ॥ ਸੋਈ ਭਗਤੁ ਸੁਘੜੁ ਸੋੁਜਾਣਾ ॥ ਨਾਨਕੁ ਤਿਸ ਕੈ ਸਦ ਕੁਰਬਾਣਾ ॥੪॥੭॥੧੭॥੭॥੨੪॥ {ਪੰਨਾ 1335}

ਪਦ ਅਰਥ:- ਮਨ—ਹੇ ਮਨ! ਸਾਲਾਹਿ—ਵਡਿਆਇਆ ਕਰ। ਭਾਗੁ—ਕਿਸਮਤ। ਮੁਖਿ—ਮੂੰਹ ਉੱਤੇ। ਮਸਤਕਿ—ਮੱਥੇ ਉੱਤੇ। ਗਾਹਿ—ਚੁੱਭੀ ਲਾਇਆ ਕਰ। ਗੁਣ ਗਾਹਿ—ਗੁਣਾਂ ਵਿਚ ਚੁੱਭੀ ਲਾਇਆ ਕਰ।1। ਰਹਾਉ।

ਅੰਮ੍ਰਿਤ—ਆਤਮਕ ਜੀਵਨ ਦੇਣ ਵਾਲਾ। ਦੇਇ—ਦੇਂਦਾ ਹੈ। ਕੋਟਿ ਮਧੇ—ਕ੍ਰੋੜਾਂ ਵਿਚੋਂ। ਲੇਇ—ਲੈਂਦਾ ਹੈ। ਜਿਸ ਨੋ—(ਸੰਬੰਧਕ 'ਨੋ' ਦੇ ਕਾਰਨ ਲਫ਼ਜ਼ 'ਜਿਸੁ' ਦਾ ੁ ਉੱਡ ਗਿਆ ਹੈ)। ਨਦਰਿ—ਮਿਹਰ ਦੀ ਨਿਗਾਹ। ਕਰੇਇ—ਕਰਦਾ ਹੈ।1।

ਵਸਾਇ—ਵਸਾਈ ਰੱਖ। ਜਾਇ—ਦੂਰ ਹੋ ਜਾਂਦਾ ਹੈ। ਅਨ੍ਹੇਰਾ—ਆਤਮਕ ਜੀਵਨ ਵਲੋਂ ਬੇ-ਸਮਝੀ ਦਾ ਹਨੇਰਾ। ਆਪੇ—ਆਪ ਹੀ। ਸਾਚਾ—ਸਦਾ ਕਾਇਮ ਰਹਿਣ ਵਾਲਾ ਪ੍ਰਭੂ।2।

ਸਿਉ—ਨਾਲ। ਐਥੈ—ਇਸ ਲੋਕ ਵਿਚ। ਓਥੈ—ਪਰਲੋਕ ਵਿਚ। ਅਧਾਰੁ—(ਜ਼ਿੰਦਗੀ ਦਾ) ਆਸਰਾ।3।

ਭਾਣਾ—ਰਜ਼ਾ, ਮਰਜ਼ੀ। ਮਨਾਏ—ਮੰਨਣ ਲਈ ਮਦਦ ਕਰਦਾ ਹੈ। ਸੁਘੜੁ—ਸੋਹਣੀ ਮਾਨਸਕ ਘਾੜਤ ਵਾਲਾ, ਸੁਚੱਜਾ। ਸੋੁਜਾਣਾ—(ਅੱਖਰ 'ਸ' ਦੇ ਨਾਲ ਦੋ ਲਗਾਂ ਹਨ— ੋ ਅਤੇ ੁ। ਅਸਲ ਲਫ਼ਜ਼ 'ਸੁਜਾਣਾ' ਹੈ, ਇਥੇ 'ਸੋਜਾਣਾ' ਪੜ੍ਹਨਾ ਹੈ) ਸਿਆਣਾ। ਤਿਸ ਕੈ—(ਸੰਬੰਧਕ 'ਕੈ' ਦੇ ਕਾਰਨ ਲਫ਼ਜ਼ 'ਤਿਸੁ' ਦਾ ੁ ਉੱਡ ਗਿਆ ਹੈ) ਉਸ ਤੋਂ। ਸਦ—ਸਦਾ।4।

ਅਰਥ:- ਹੇ ਮੇਰੇ ਮਨ! (ਸਦਾ) ਆਪਣੇ ਗੁਰੂ ਦੀ ਸੋਭਾ ਕਰਿਆ ਕਰ, (ਗੁਰੂ ਦੀ ਸਰਨ ਪੈ ਕੇ) ਪਰਮਾਤਮਾ ਦੇ ਗੁਣਾਂ ਵਿਚ ਚੁੱਭੀ ਲਾਇਆ ਕਰ। ਤੇਰੇ ਮੱਥੇ ਉੱਤੇ ਪੂਰੀ ਕਿਸਮਤ ਜਾਗ ਪਵੇਗੀ।1। ਰਹਾਉ।

ਹੇ ਭਾਈ! ਜਿਸ ਮਨੁੱਖ ਉਤੇ ਪਰਮਾਤਮਾ ਆਪਣੀ ਮਿਹਰ ਦੀ ਨਿਗਾਹ ਕਰਦਾ ਹੈ, (ਉਸ ਨੂੰ ਉਸ ਦੀ ਜਿੰਦ ਵਾਸਤੇ) ਖ਼ੁਰਾਕ (ਆਪਣਾ) ਆਤਮਕ ਜੀਵਨ ਦੇਣ ਵਾਲਾ ਨਾਮ ਬਖ਼ਸ਼ਦਾ ਹੈ, (ਪਰ) ਕ੍ਰੋੜਾਂ ਵਿਚੋਂ ਕੋਈ ਵਿਰਲਾ ਮਨੁੱਖ ਹੀ (ਇਹ ਦਾਤਿ) ਹਾਸਲ ਕਰਦਾ ਹੈ।1।

ਹੇ ਭਾਈ! ਗੁਰੂ ਦੇ (ਸੋਹਣੇ) ਚਰਨ (ਆਪਣੇ) ਮਨ ਵਿਚ ਟਿਕਾਈ ਰੱਖ (ਇਸ ਤਰ੍ਹਾਂ) ਮਨ ਵਿਚੋਂ (ਹਰੇਕ) ਦੁੱਖ ਦੂਰ ਹੋ ਜਾਂਦਾ ਹੈ, (ਆਤਮਕ ਜੀਵਨ ਵਲੋਂ) ਬੇ-ਸਮਝੀ ਦਾ ਹਨੇਰਾ ਹਟ ਜਾਂਦਾ ਹੈ (ਅਤੇ) ਸਦਾ ਕਾਇਮ ਰਹਿਣ ਵਾਲਾ ਆਪ ਹੀ (ਜੀਵ ਨੂੰ ਆਪਣੇ ਨਾਲ) ਮਿਲਾ ਲੈਂਦਾ ਹੈ।2।

ਹੇ ਭਾਈ! ਸਤਿਗੁਰੂ ਦੀ ਬਾਣੀ ਨਾਲ ਪਿਆਰ ਜੋੜ। (ਇਹ ਬਾਣੀ ਹੀ) ਇਸ ਲੋਕ ਅਤੇ ਪਰਲੋਕ ਵਿਚ (ਜ਼ਿੰਦਗੀ ਦਾ) ਆਸਰਾ ਹੈ (ਪਰ ਇਹ ਦਾਤਿ) ਜਗਤ ਨੂੰ ਪੈਦਾ ਕਰਨ ਵਾਲਾ ਪ੍ਰਭੂ ਆਪ ਹੀ ਦੇਂਦਾ ਹੈ।3।

ਹੇ ਭਾਈ! ਸਦਾ-ਥਿਰ ਰਹਿਣ ਵਾਲਾ ਪਰਮਾਤਮਾ (ਗੁਰੂ ਦੀ ਸਰਨ ਪਾ ਕੇ) ਆਪਣੀ ਰਜ਼ਾ ਮਿੱਠੀ ਕਰ ਕੇ ਮੰਨਣ ਲਈ (ਮਨੁੱਖ ਦੀ) ਸਹਾਇਤਾ ਕਰਦਾ ਹੈ। (ਜਿਹੜਾ ਮਨੁੱਖ ਰਜ਼ਾ ਨੂੰ ਮੰਨ ਲੈਂਦਾ ਹੈ) ਉਹੀ ਹੈ ਸੋਹਣਾ ਸੁਚੱਜਾ ਸਿਆਣਾ ਭਗਤ। (ਅਜਿਹੇ ਮਨੁੱਖ ਤੋਂ) ਨਾਨਕ ਸਦਾ ਸਦਕੇ ਜਾਂਦਾ ਹੈ।4।7। 17।7। 24।